**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ., ਪੁਲਿਸ ਥਾਣਾ (ਸਿਟੀ),
ਸੰਗਰੂਰ। ------ਉੱਤਰਦਾਤਾ

**ਸ਼ਿਕਾਇਤ <u>ਕੇਸ ਨੰ:574/2019</u>**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**<u>ਹੁਕਮ:</u>**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-04-2019, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਚ.ਓ., ਪੁਲਿਸ ਥਾਣਾ (ਸਿਟੀ), ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 19-12-2018 ਨੂੰ ਦਰਜ ਮੁਕੱਦਮਾ ਨੰ:307/2018 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **<u>ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੀਮਤੀ ਲਾਲ ਕਸ਼ਿਅਪ, (75897-57100)
ਪੁੱਤਰ ਸ਼੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਟੀਚਰ ਕਲੋਨੀ ਨਵਾਂ ਸ਼ਹਿਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 577 /2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਬਲਾਚੌਰ (98148-00566) ਅਤੇ ਸ਼੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ (98763-18667) ਦਫ਼ਤਰ ਉਪ ਮੰਡਲ ਮੈਜਿਸਟਰੇਟ, ਬੰਗਾ ਅਤੇ ਸ਼੍ਰੀ ਯਸ਼ਪਾਲ ਸਿੰਘ, ਐਸ.ਆਈ.ਐਮ.ਸੀ., ਬੰਗਾ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜਨਵਰੀ, 2003 ਤੋਂ ਅਪ੍ਰੈਲ, 2019 ਤੱਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀਆਂ ਸਾਰੀਆਂ ਨਗਰ ਕੌਂਸਿਲਾਂ ਦੇ ਪ੍ਰਧਾਨਾਂ ਦੀਆਂ ਨਾਮਜ਼ਦੀਆਂ ਦੇ ਰਿਕਾਰਡ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਦੇ ਦਫ਼ਤਰ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਈ.ਮੇਲ, ਮਿਤੀ 03-09-2019 ਰਾਹੀਂ ਭੇਜੇ ਗਏ ਪੱਤਰ ਨੰ:627-628, ਮਿਤੀ 03-09-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ, ਨਵਾਂ ਸ਼ਹਿਰ ਨਾਲ ਹੋਣ ਕਾਰਨ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਆਰਜ਼ੀ ਉਨ੍ਹਾਂ ਨੂੰ ਭੇਜੀ ਜਾ ਚੁੱਕੀ ਹੈ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਬਲਾਚੌਰ ਨੇ ਰਜਿਸਟਰਡ ਪੱਤਰ ਨੰ:882, ਮਿਤੀ 13-05-2019 ਦੀ ਕਾਪੀ ਅਤੇ ਤਹਿਸੀਲਦਾਰ-ਕਮ-ਲੋਕ ਸੂਜਨਾ ਅਧਿਕਾਰੀ, ਬਲਾਚੌਰ ਵੱਲੋਂ ਪੱਤਰ ਨੰ:60/ਆਰ.ਸੀ., ਮਿਤੀ 06-08-2019 ਪੇਸ਼ ਕਰਦੇ ਹੋਏ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਜਾ ਚੁੱਕਾ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 03 **ਸਤੰਬਰ,** 2019.

**ਕਾਪੀ:-**

(1) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ, ਬੰਗਾ।

(2) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਬਲਾਚੌਰ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੀਮਤੀ ਲਾਲ ਕਸ਼ਿਅਪ, (75897-57100)
ਪੁੱਤਰ ਸ਼੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਟੀਚਰ ਕਲੋਨੀ ਨਵਾਂ ਸ਼ਹਿਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 579/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਸਿੰਘ, ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਬਲਾਚੌਰ (98148-00566) ਅਤੇ ਸ਼੍ਰੀ ਦਲਜੀਤ ਸਿੰਘ, ਸੀਨੀਅਰ ਸਹਾਇਕ (98763-18667) ਦਫ਼ਤਰ ਉਪ ਮੰਡਲ ਮੈਜਿਸਟਰੇਟ, ਬੰਗਾ ਅਤੇ ਸ਼੍ਰੀ ਯਸ਼ਪਾਲ ਸਿੰਘ, ਐਸ.ਆਈ.ਐਮ.ਸੀ., ਬੰਗਾ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜਨਵਰੀ, 2010 ਤੋਂ ਅਪ੍ਰੈਲ, 2019 ਤੱਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀਆਂ ਸਾਰੀਆਂ ਨਗਰ ਕੌਂਸਿਲਾਂ ਦੇ ਸਫਾਈ ਕਰਮਚਾਰੀਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਜ਼ਿਲ੍ਹਾ ਮਾਲ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਆਪਣੇ ਪੱਤਰ ਨੰ:961-62/ਆਰ.ਟੀ.ਆਈ. ਸੈਲ, ਮਿਤੀ 08-04-2019 ਰਾਹੀਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਕਾਰਜ ਸਾਧਕ ਅਫਸਰ, ਨਗਰ ਕੌਂਸਿਲ , ਨਵਾਂ ਸ਼ਹਿਰ, ਬੰਗਾ, ਬਲਾਚੌਰ ਅਤੇ ਰਾਹੋਂ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਅੱਜ ਪੇਸ਼ੀ ਤੇ ਹਾਜ਼ਰ ਉੱਤਰਦਾਤਾਵਾਂ ਨੇ ਪੱਤਰ ਨੰ:1778, ਮਿਤੀ 02-09-2019 ਅਤੇ ਪੱਤਰ ਨੰ:1863, ਮਿਤੀ 02-09-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

4. ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ,
ਨਵਾਂ ਸ਼ਹਿਰ, ਬੰਗਾ, ਬਲਾਚੌਰ ਅਤੇ ਰਾਹੋਂ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੀਮਤੀ ਲਾਲ ਕਸ਼ਿਅਪ, (75897-57100)
ਪੁੱਤਰ ਸ਼੍ਰੀ ਕ੍ਰਿਸ਼ਨ ਲਾਲ ਕਸ਼ਿਅਪ,
ਟੀਚਰ ਕਲੋਨੀ ਨਵਾਂ ਸ਼ਹਿਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:580/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸ਼ਿੰਗਾਰਾ ਰਾਮ, ਜੂਨੀਅਰ ਸਹਾਇਕ (90419-44640) ਦਫ਼ਤਰ ਉਪ ਮੰਡਲ ਮੈਜਿਸਟਰੇਟ ਨਵਾਂ ਸ਼ਹਿਰ ਅਤੇ ਸ਼੍ਰੀ ਜਤਿੰਦਰ ਕਮਾਰ, ਜੂਨੀਅਰ ਸਹਾਇਕ (98146-06282) ਦਫ਼ਤਰ ਤਹਿਸੀਲਦਾਰ, ਨਵਾਂ ਸ਼ਹਿਰ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜਨਵਰੀ, 2003 ਤੋਂ ਅਪ੍ਰੈਲ, 2019 ਤੱਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨਾਲ ਸਬੰਧਤ ਜ਼ਮੀਨ, ਜਾਇਦਾਦ, ਵਪਾਰਕ ਜਾਂ ਗੈਰ-ਵਪਾਰਕ ਇਮਾਰਤਾਂ ਤਿਆਰ ਕਰਵਾਉਣ ਵਾਲੇ ਅਤੇ ਖਰੀਦਣ ਵਾਲੇ ਵਿਅਕਤੀਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਅੱਜ ਪੇਸ਼ੀ ਤੇ ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸ਼ਿੰਗਾਰਾ ਰਾਮ, ਜੂਨੀਅਰ ਸਹਾਇਕ ਦਫ਼ਤਰ ਉਪ ਮੰਡਲ ਮੈਜਿਸਟਰੇਟ ਨਵਾਂ ਸ਼ਹਿਰ ਅਤੇ ਸ਼੍ਰੀ ਜਤਿੰਦਰ ਕਮਾਰ, ਜੂਨੀਅਰ ਸਹਾਇਕ ਦਫ਼ਤਰ ਤਹਿਸੀਲਦਾਰ, ਨਵਾਂ ਸ਼ਹਿਰ ਨੇ ਪੱਤਰ ਨੰ:71, ਮਿਤੀ 02-09-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:72, ਮਿਤੀ 02-09-2019 ਰਾਹੀਂ ਸ਼ਿਕਾਇਤਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ।

4. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

(1) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ, ਨਵਾਂ ਸ਼ਹਿਰ।

(2) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਤਹਿਸੀਲਦਾਰ, ਨਵਾਂ ਸ਼ਹਿਰ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਮ ਸਿੰਘ, (94635-63120)
ਪੁੱਤਰ ਸ਼੍ਰੀ ਗੁਰਮੁੱਖ ਸਿੰਘ,
ਪਿੰਡ ਮਤੋਈ, ਤਹਿਸੀਲ ਮਲੇਰਕੋਟਲਾ,
ਜ਼ਿਲ੍ਹਾ ਸੰਗਰੂਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 585/2019**

**ਹਾਜ਼ਰ:-**

1) ਸ਼੍ਰੀ ਰਾਮ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਦੀਪ ਸਿੰਘ, ਏ.ਐਸ.ਆਈ. (80546-01113)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-04-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ/ਸ਼੍ਰੀ ਜਗਤਾਰ ਸਿੰਘ, ਚਮਕੌਰ ਸਿੰਘ ਅਤੇ ਕਿਰਨ ਕੌਰ ਅਤੇ ਜ਼ਸਪ੍ਰੀਤ ਕੌਰ ਵਾਸੀਅਨ ਪਿੰਡ ਮਤੋਈ, ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ ਖਿਲਾਫ ਦਿੱਤੀ ਗਈ ਆਪਣੀ ਦਰਖਾਸਤ ਮਿਤੀ 03-10-2018 ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਕੁਲਦੀਪ ਸਿੰਘ, ਏ.ਐਸ.ਆਈ. ਨੇ ਪੱਤਰ ਨੰ:73-ਅਪੀਲ/ਆਰ.ਟੀ.ਆਈ., ਮਿਤੀ 02-09-2019 ਪੇਸ਼ ਕਰਦੇ ਹੋਏ ਕਿਹਾ ਸ਼ਿਕਾਇਤਕਰਤਾ ਦੀ ਦਰਖਾਸਤ, ਮਿਤੀ 03-10-2018 ਬਾਰੇ ਸੂਚਨਾ ਉਨ੍ਹਾਂ ਵੱਲੋਂ ਪਹਿਲਾਂ ਹੀ ਭੇਜ ਦਿੱਤੀ ਗਈ ਸੀ ਅਤੇ ਉਸ ਵੱਲੋਂ ਆਰ.ਟੀ.ਆਈ ਅਰਜ਼ੀ ਦਾਇਰ ਕਰਨ ਤੋਂ ਬਾਅਦ ਵੀ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਸ ਦੀ ਦਰਖਾਸਤ ਸਬੰਧੀ ਅਜੇ ਪੜਤਾਲ ਚੱਲ ਰਹੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰਵਿੰਦਰ ਸਿੰਘ, (98727-55992)
ਪਿੰਡ ਤੇ ਡਾਕਖਾਨਾ ਸੀਡ ਫਾਰਮ ਕੱਚਾ,
ਤਹਿਸੀਲ ਅਬੋਹਰ, ਜ਼ਿਲ੍ਹਾ ਫਾਜ਼ਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਅਬੋਹਰ, ਜ਼ਿਲ੍ਹਾ ਫਾਜ਼ਿਲਕਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜ਼ਿਲ੍ਹਾ ਫਾਜ਼ਿਲਕਾ। --------ਉੱਤਰਦਾਤਾ

**ਅਪੀਲ ਕੇਸ 2224/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-03-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਲਾਕ ਅਬੋਹਰ, ਜ਼ਿਲ੍ਹਾ ਫਾਜ਼ਿਲਕਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜੁਲਾਈ, 2013 ਤੋਂ ਦਸੰਬਰ, 2018 ਤੱਕ ਗਰਾਮ ਪੰਚਾਇਤ ਸੀਡ ਫਾਰਮ ਕੱਚਾ, ਨੂੰ ਪ੍ਰਾਪਤ ਹੋਈਆਂ ਗਰਾਂਟਾਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2285, ਮਿਤੀ 22-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਮਿਤੀ 26-07-2019 ਨੂੰ ਅਪੀਲਕਰਤਾ ਨੂੰ ਸੂਚਨਾ ਦਸਤੀ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਦੇ ਸਬੂਤ ਵਜੋਂ ਅਪੀਲਕਰਤਾ ਦੇ ਪੱਤਰ, ਮਿਤੀ 26-07-2019 ਦੀ ਕਾਪੀ ਵੀ ਭੇਜੀ ਹੈ ਜਿਸ ਅਨੁਸਾਰ ਅਪੀਲਕਰਤਾ ਵੱਲੋਂ ਮੰਨਿਆ ਗਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਸ ਨੇ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ,
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ, ਖੰਨਾ-141401. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਅਰਬਨ ਸਥਾਨਕ ਸਰਕਾਰ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ:2228 /2019**

**ਹਾਜ਼ਰ:-**

1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੰਦੀਪ ਸਿੰਘ, ਜੂਨੀਅਰ ਇੰਜੀਨੀਅਰ (75081-00568)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-03-2019, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 11-01-2019 ਨੂੰ ਆਨ-ਲਾਈਨ ਅਤੇ ਰਜਿਸਟਰੇਸ਼ਨ ਨੰ:CMOFF/E/2019/00045 ਰਾਹੀਂ ਭੇਜੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਅਜੇ ਤੱਕ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਵਾਉਣ, ਉੱਤਰਦਾਤਾ ਵਿਰੁੱਧ ਕਾਰਵਾਈ ਕਰਨ ਅਤੇ ਮੁਆਵਜ਼ੇ ਦੀ ਮੰਗ ਵੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੰਦੀਪ ਸਿੰਘ, ਜੂਨੀਅਰ ਇੰਜੀਨੀਅਰ ਨੇ ਕਿਹਾ ਕਿ ਉਨ੍ਹਾਂ ਵੱਲੋਂ ਮਿਤੀ 17-03-2018 ਨੂੰ ਅਪੀਲਕਰਤਾ ਨੂੰ ਪਹਿਲਾਂ ਹੀ ਜਵਾਬ ਭੇਜਿਆ ਜਾ ਚੁੱਕਾ ਹੈ।

3. ਹਾਜ਼ਰ ਉੱਤਰਦਾਤਾ ਦਾ ਜਵਾਬ ਸਹੀ ਨਹੀਂ ਹੈ ਕਿਉਂਕਿ ਅਪੀਲਕਰਤਾ ਵੱਲੋਂ ਮਿਤੀ 25-03-2019 ਨੂੰ ਆਰ.ਟੀ.ਆਈ. ਅਰਜ਼ੀ ਪੇਸ਼ ਕੀਤੀ ਗਈ ਸੀ ਅਤੇ ਇਸ ਦਾ ਜਵਾਬ ਮਿਤੀ 25-03-2019 ਤੋਂ ਪਹਿਲਾਂ ਕਿਵੇਂ ਦਿੱਤਾ ਜਾ ਸਕਦਾ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮਿਤੀ 25-03-2019 ਦੇ ਪ੍ਰਾਪਤ ਹੋਣ ਤੋਂ ਬਾਅਦ ਕੀਤੀ ਗਈ ਕਾਰਵਾਈ ਬਾਰੇ ਮਿਤੀ-ਵਾਰ, ਵਿਸਥਾਰ-ਪੂਰਵਕ ਜਵਾਬ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਹਾਦਰ ਸਿੰਘ, (94634-40645)
ਪੁੱਤਰ ਸ਼੍ਰੀ ਗੱਜਣ ਸਿੰਘ,
ਮਕਾਨ ਨੰ:128, ਸੈਣੀ ਮੁਹੱਲਾ ,
ਪਿੰਡ ਤੇ ਡਾਕਖਾਨਾ ਬਲੌਂਗੀ,
ਜ਼ਿਲ੍ਹਾ ਮੁਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਤੇ ਵਿਕਾਸ ਪੰਚਾਇਤ ਅਫਸਰ, ਖਰੜ,
ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਤੇ ਵਿਕਾਸ ਪੰਚਾਇਤ ਅਫਸਰ, ਖਰੜ,
ਜ਼ਿਲ੍ਹਾ ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ 2233/2019**

**ਹਾਜ਼ਰ:-** 1) ਸ਼੍ਰੀ ਬਹਾਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-03-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਤੇ ਵਿਕਾਸ ਪੰਚਾਇਤ ਅਫਸਰ, ਖਰੜ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜੁਲਾਈ, 2018 ਵਿੱਚ ਪੰਚਾਇਤਾਂ ਭੰਗ ਹੋਣ ਤੋਂ ਬਾਅਦ ਬਲੌਂਗੀ ਕਲੋਨੀ ਦਾ ਚਾਰਜ ਸੰਭਾਲਣ ਵਾਲੇ ਪ੍ਰਬੰਧਕ ਵੱਲੋਂ ਕੀਤੇ ਗਏ ਕੰਮਾਂ ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਵਾਉਣ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ,
ਬਰਨਾਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਾਇਰੈਕਟਰ, ਲੋਕ ਸੂਚਨਾ ਅਤੇ
ਲੋਕ ਸੰਪਰਕ, ਪੰਜਾਬ, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:2244/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਨਦੀਪ ਸਿੰਘ, ਜ਼ਿਲ੍ਹਾ ਲੋਕ ਸੰਪਰਕ ਅਫਸਰ-ਕਮ-ਲੋਕ ਸੂਚਨਾ ਅਫਸਰ, ਬਰਨਾਲਾ (97800-32632), ਸ਼੍ਰੀ ਹਰਿੰਦਰ ਸਿੰਘ, ਸਹਾਇਕ ਲੋਕ ਸੰਪਰਕ ਅਫਸਰ, ਬਰਨਾਲਾ ਅਤੇ ਸ਼੍ਰੀ ਸ਼ਾਮ ਸੁੰਦਰ, ਸਹਾਇਕ ਲੋਕ ਸੰਪਰਕ ਅਫਸਰ (ਹੈੱਡਕੁਆਰਟਰਜ਼) ਚੰਡੀਗੜ੍ਹ (94633-77152)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-02-2019, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜ਼ਿਲ੍ਹਾ ਬਰਨਾਲਾ ਅਧੀਨ ਵੱਖ-ਵੱਖ ਅਖਬਾਰਾਂ ਦੇ ਪੱਤਰਕਾਰਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਪਹਿਲੀ ਅਪੀਲੀ ਅਥਾਰਟੀ ਵੱਲੋਂ ਹਾਜ਼ਰ ਸ਼੍ਰੀ ਸ਼ਾਮ ਸੁੰਦਰ, ਸਹਾਇਕ ਲੋਕ ਸੰਪਰਕ ਅਫਸਰ (ਹੈੱਡਕੁਆਰਟਰਜ਼) ਚੰਡੀਗੜ੍ਹ ਨੇ ਪੱਤਰ ਨੰ:ਪੀ.ਆਰ.(ਆਰ.ਟੀ.ਆਈ. ਅਪੀਲ) 3/2/2019/398, ਮਿਤੀ 03-09-2019 ਪੇਸ਼ ਕਰਦੇ ਹੋਏ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਨ ਬਾਰੇ ਆਪਣੀ ਸਥਿਤੀ ਸਪੱਸ਼ਟ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਮਨਦੀਪ ਸਿੰਘ, ਜ਼ਿਲ੍ਹਾ ਲੋਕ ਸੰਪਰਕ ਅਫਸਰ-ਕਮ-ਲੋਕ ਸੂਚਨਾ ਅਫਸਰ, ਬਰਨਾਲਾ ਨੇ ਪੱਤਰ ਨੰ:ਲਸਬ(ਆਰ.ਟੀ.ਆਈ.)-19/335, ਮਿਤੀ 26-08-2019 ਅਤੇ ਪੱਤਰ ਨੰ:ਲਸਬ(ਆਰ.ਟੀ.ਆਈ.)-19/351, ਮਿਤੀ 03-09-2019 ਰਾਹੀਂ ਵਿਸਥਾਰ-ਪੂਰਵਕ ਵੇਰਵਾ ਦਿੰਦੇ ਹੋਏ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 03 ਸਤੰਬਰ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ
ਰਜਿਸਟਰੇਸ਼ਨ ਅਥਾਰਟੀ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:1805/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਵਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ (90413-32168)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-01-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗੱਡੀਆਂ ਦੇ ਟੈਕਸਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਵਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ ਨੇ ਪੱਤਰ ਨੰ:105, ਮਿਤੀ 02-09-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਬਲਾਚੋਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੋਰ।
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। --------ਉੱਤਰਦਾਤਾ

**ਅਪੀਲ ਕੇਸ ਨੰ: 1857/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕਮਲਜੀਤ ਸਿੰਘ ਕਲਰਕ (97808-20099) ਅਤੇ ਪਹਿਲੀ ਅਪੀਲ ਅਥਾਰਟੀ ਵੱਲੋਂ ਸ਼੍ਰੀ ਗੁਰਵਿੰਦਰ ਸਿੰਘ, ਜੂਨੀਅਰ ਸਹਾਇਕ (79864-74177)।

**ਹਕਮ:**

ਪਿਛਲੀ ਪੇਸ਼ੀ, ਮਿਤੀ 07-08-2019 ਤੇ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 07-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 03-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੁਣਵਾਈ ਦਾ ਮੌਕਾ ਦੇਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਮਲਜੀਤ ਸਿੰਘ ਕਲਰਕ ਨੇ ਪੱਤਰ ਨੰ:69/ਆਰ.ਟੀ.ਆਈ., ਮਿਤੀ 18-05-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਤੇ ਹਨ।ਹਾਜ਼ਰ ਉੱਤਰਦਾਤਾ ਵੱਲੋਂ ਇਸ ਪੱਤਰ ਨਾਲ ਪੇਸ਼ ਕੀਤੇ ਗਏ ਪੱਤਰਾਂ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਇਹ ਸਾਰੇ ਪੱਤਰ ਸਾਲ 2018 ਨਾਲ ਸਬੰਧਤ ਹਨ ਜਦੋਂ ਕਿ ਅਪੀਲਕਰਤਾ ਵੱਲੋਂ ਆਰ.ਟੀ.ਆਈ. ਅਰਜ਼ੀ, ਮਿਤੀ 31-01-2019 ਨੂੰ ਦਾਇਰ ਕੀਤੀ ਗਈ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰਾਂ ਦਾ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 31-01-2019 ਨਾਲ ਕੋਈ ਸਬੰਧ ਨਹੀਂ ਹੈ । ਹਾਜ਼ਰ ਉੱਤਰਦਾਤਾ ਇਸ ਸਬੰਧੀ ਸਥਿਤੀ ਸਪੱਸ਼ਟ ਨਹੀਂ ਕਰ ਸਕਿਆ। ਅਪੀਲਕਰਤਾ ਵੱਲੋਂ ਮਿਤੀ 31-01-2019 ਨੂੰ ਦਾਇਰ ਕੀਤੀ ਗਈ ਆਰ.ਟੀ.ਆਈ. ਅਰਜ਼ੀ ਸਬੰਧੀ ਅਜੇ ਤੱਕ ਵੀ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1857/2018**

ਮੁਹੱਈਆ ਨਾ ਕਰਵਾਉਣਾ ਦਫਤਰ ਤਹਿਸੀਲਦਾਰ, ਬਲਾਚੋਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ ਦਾ ਗੈਰ-ਜ਼ਿੰਮੇਵਾਰਾਨਾ ਵਤੀਰਾ ਦਰਸਾਉਂਦਾ ਹੈ, ਜਿਸ ਕਾਰਨ ਅਪੀਲਕਰਤਾ ਨੂੰ ਆਰਥਿਕ ਤੇ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉੱਤਰਦਾਤਾ, ਸ਼੍ਰੀ ਚੇਤਨ ਬੰਗੜ, ਤਹਿਸੀਲਦਾਰ, ਬਲਾਚੌਰ ਅਤੇ ਸ਼੍ਰੀ ਜ਼ਸਬੀਰ ਸਿੰਘ, ਉਪ ਮੰਡਲ ਮੈਜਿਸਟਰੇਟ, ਬਲਾਚੌਰ, ਹਰੇਕ, ਨੂੰ **ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 5000-5000/-ਰੁਪਏ (ਕੁੱਲ ਦਸ ਹਜ਼ਾਰ ਰੁਪਏ) ਦੀ ਰਾਸ਼ੀ ਦੀ** ਅਪੀਲਕਰਤਾ **ਨੂੰ ਬੈਂਕ ਡਰਾਫ਼ਟ ਰਾਹੀਂ ਮਹਿਕਮੇ ਦੇ ਫੰਡ ਵਿੱਚੋਂ ਅਦਾਇਗੀ ਕਰਕੇ ਅਦਾਇਗੀ ਸਬੰਧੀ ਰਸੀਦ/ਬੈਂਕ ਡਰਾਫਟ ਦੀ ਕਾਪੀ ਪੇਸ਼ ਦੀ ਅਗਲੀ ਮਿਤੀ ਤੇ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ।** ਇਸ ਤੋਂ ਇਲਾਵਾ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਵੀ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 03 ਸਤੰਬਰ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:12/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵੰਤ ਸਿੰਘ, ਕਲਰਕ (75048-00006) ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਅਤੇ ਸ਼੍ਰੀਮਤੀ ਪਰਮਜੀਤ ਕੌਰ, ਰੀਡਰ/ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) (81463-00956)।

**ਹਕਮ:**

ਪੇਸ਼ੀ ਮਿਤੀ 15-07-2019 ਤੇ ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜ਼ਸਬੀਰ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸਹਾਇਕ ਕਮਿਸ਼ਨਰ (ਸ਼ਿਕਾਇਤਾਂ) ਦਫ਼ਤਰ ਡਿਪਟੀ ਕਮਿਸ਼ਨਰ, ਲੁਧਿਆਣਾ ਵੱਲੋਂ ਆਪਣੇ ਪੱਤਰ ਨੰ:986-987/ਆਰ.ਆਰ.ਏ., ਮਿਤੀ 01-07-2019 ਰਾਹੀਂ ਅਪੀਲਕਰਤਾ ਦੀ ਆਰ.ਟੀ.ਆਈ ਅਰਜ਼ੀ ਉਪ ਮੰਡਲ, ਮੈਜਿਸਟਰੇਟ ਲੁਧਿਆਣਾ ਪੂਰਬੀ ਨੂੰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਅਧੀਨ ਟਰਾਂਸਫਰ ਕਰਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਗਿਆ ਸੀ ਪਰੰਤੂ ਨਾ ਤਾਂ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਅਤੇ ਨਾ ਹੀ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਦੇ ਦਫ਼ਤਰ ਵੱਲੋਂ ਕੋਈ ਪੇਸ਼ੀ ਤੇ ਹਾਜ਼ਰ ਹੋਇਆ ਸੀ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਅਤੇ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਹਦਾਇਤ ਕੀਤੀ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਫਿਰ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਵੰਤ ਸਿੰਘ, ਕਲਰਕ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੇ ਪੱਤਰ ਨੰ:1009/ਆਰ.ਆਰ.ਏ., ਮਿਤੀ 02-09-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਤਬਦੀਲ ਕਰ ਦਿੱਤੀ ਗਈ ਸੀ ਪਰੰਤੂ ਇਸ ਬਾਰੇ ਅਪੀਲਕਰਤਾ ਨੂੰ ਕੋਈ ਸੂਚਨਾ ਨਹੀਂ ਭੇਜੀ ਗਈ ਸੀ।ਹਾਜ਼ਰ ਉੱਤਰਦਾਤ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) ਵੱਲੋਂ ਅਪੀਲਕਰਤਾ ਨੂੰ ਅਜੇ ਤੱਕ ਕੋਈ ਸੂਚਨਾ ਨਹੀਂ ਭੇਜੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਹਦਾਇਤ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**<u>ਅਪੀਲ ਕੇਸ ਨੰ:12/2019</u>**

ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਅਰਜ਼ੀ, ਮਿਤੀ 12-09-2017 ਦੇ ਪ੍ਰਾਪਤ ਹੋਣ ਦੀ ਮਿਤੀ ਤੋਂ ਹੁਣ ਤੱਕ ਕੀਤੀ ਗਈ ਕਾਰਵਾਈ ਸਬੰਧੀ ਵਿਸਥਾਰ-ਪੂਰਵਕ ਜਵਾਬ, ਸਮੇਤ ਸਟੇਟਸ ਰਿਪੋਰਟ, ਕਵਰਿੰਗ ਪੱਤਰ ਲਗਾ ਕੇ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਜਵਾਬ ਦੇਣ ਬਾਰੇ ਹਾਜ਼ਰ ਉੱਤਰਦਾਤਾ, ਸ਼੍ਰੀਮਤੀ ਪਰਮਜੀਤ ਕੌਰ, ਰੀਡਰ, ਨੂੰ ਸਮਝਾ ਦਿੱਤਾ ਗਿਆ ਹੈ। ਇਸ ਹਦਾਇਤ ਦੇ ਨਾਲ ਇਹ ਕੇਸ **<u>ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫ਼ਤਰ ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)। -------ਉੱਤਰਦਾਤਾ

**ਅਪੀਲ ਕੇਸ ਨੰ:68/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪਰਮਜੀਤ ਕੌਰ, ਰੀਡਰ/ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) (81463-00956)।

**ਹਕਮ:**

ਪੇਸ਼ੀ, ਮਿਤੀ 15-07-2019 ਤੇ ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਪ ਮੰਡਲ, ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ, ਲੁਧਿਆਣਾ (ਪੂਰਬੀ) ਵੱਲੋਂ ਆਪਣੇ ਪੱਤਰ ਨੰ:55, ਮਿਤੀ 25-06-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਭੇਜਿਆ ਹੋਇਆ ਸੀ, ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਨੂੰ ਪੱਤਰ ਨੰ:22/ਰੀਡਰ, ਮਿਤੀ 01-04-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜਸਬੀਰ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 07-08-2019 ਤੇ ਫਿਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਮੁੜ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

**3.** ਅੱਜ ਫਿਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪਰਮਜੀਤ ਕੌਰ, ਰੀਡਰ/ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) ਵੱਲੋ ਆਪਣੇ ਪੱਤਰ, ਮਿਤੀ 02-09-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਪਿੱਠ-ਅੰਕਿਤ ਕੀਤਾ ਗਿਆ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਸਬ ਰਜਿਸਟਰਾਰ-ਕਮ-ਪੀ.ਆਈ.ਓ. ਲੁਧਿਆਣਾ ਨੂੰ ਭੇਜੀ ਜਾ ਚੁੱਕੀ ਹੈ ਕਿਉਂਕਿ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਉਨ੍ਹਾਂ ਵੱਲੋਂ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਮੁਹੱਈਆ ਕਰਵਾਉਣੀ ਬਣਦੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਵੱਲੋਂ ਆਪਣੇ ਪੱਤਰ ਨੰ:347/ਐਸ.ਆਰ., ਮਿਤੀ 02-09-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਪਿੱਠ-ਅੰਕਿਤ ਕੀਤਾ ਗਿਆ ਹੈ, ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:3/ਐਸ.ਆਰ., ਮਿਤੀ 04-01-2019 ਰਾਹੀਂ ਅਪੀਲਕਰਤਾ ਨੂੰ ਨੁਕਤਾ-ਵਾਰ ਸੂਚਨਾ ਭੇਜੀ ਜਾ ਚੁੱਕੀ ਹੈ।

5. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਦਫ਼ਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ।

6. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪਰਮਜੀਤ ਕੌਰ, ਰੀਡਰ/ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) ਵੱਲੋਂ ਪੇਸ਼ ਕੀਤਾ ਗਿਆ ਜਵਾਬ ਸਹੀ ਪਾਉਂਦੇ ਹੋਏ ਉਸ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਜਾਂਦੀ ਹੈ।

7. ਲੋਕ ਸੂਚਨਾ ਅਧਿਕਾਰੀ ਦਫ਼ਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਨੂੰ ਹਦਾਇਤ ਕੀਤੀ ਜਾਂਦੀ ਹੈ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 03 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ ਰੋਡ, ਲੁਧਿਆਣਾ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫ਼ਤਰ ਸਿਹਤ ਮੰਤਰੀ, ਪੰਜਾਬ,
ਚੰਡੀਗੜ੍ਹ।

**(ਰਜਿਸਟਰਡ)** ਲੋਕ ਸੂਚਨਾ ਅਧਿਕਾਰੀ (ਨਾਂ ਤੇ),
ਦਫਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ੍ਹ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:04/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਸ਼ਿਕਾਇਤਕਰਤਾ ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-09-2018, ਲੋਕ ਸੂਚਨਾ ਅਧਿਕਾਰੀ ਦਫਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੇਠੀ ਆਈਸ ਕਰੀਮ, 930, ਐਮ.ਆਈ.ਜੀ., ਜਮਾਲਪੁਰ ਕਲੋਨੀ, ਲੁਧਿਆਣਾ ਵਿਰੁੱਧ ਕੀਤੀ ਗਈ ਸ਼ਿਕਾਇਤ, ਮਿਤੀ 08-09-2018 ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 07-08-2019 ਤੇ ਸ਼ਿਕਾਇਤਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

4. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ 29-09-2018 ਨੂੰ ਆਰ.ਟੀ.ਆਈ. ਅਰਜ਼ੀ ਲੋਕ ਸੂਚਨਾ ਅਧਿਕਾਰੀ ਦਫਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤੀ ਗਈ ਸੀ। ਇਹ ਕੇਸ ਪਹਿਲਾਂ ਮਾਣਯੋਗ ਸਾਬਕਾ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਕੋਲ ਚੱਲ ਰਿਹਾ ਸੀ ਅਤੇ ਉਨ੍ਹਾਂ ਦੀ ਸੇਵਾ ਨਿਵਿਰਤੀ ਉਪਰੰਤ ਇਹ ਕੇਸ ਇਸ ਬੈਂਚ ਨੂੰ ਅਲਾਟ ਕੀਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ੍ਹ,

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:04/2019**

ਕਮਿਸ਼ਨ ਦੇ ਵਾਰ-ਵਾਰ ਹੁਕਮ ਕਰਨ ਦੇ ਬਾਵਜੂਦ ਵੀ ਨਾ ਤਾਂ ਕਦੇ ਸਾਬਕਾ ਮੁੱਖ ਸੂਚਨਾ ਕਮਿਸ਼ਨਰ, ਪੰਜਾਬ ਜੀ ਕੋਲ ਪੇਸ਼ੀ ਤੇ ਹਾਜ਼ਰ ਹੋਇਆ ਅਤੇ ਨਾ ਹੀ ਇਸ ਬੈਂਚ ਕੋਲ ਕਿਸੇ ਪੇਸ਼ੀ ਤੇ ਹਾਜ਼ਰ ਹੋਇਆ ਹੈ। ਇਸ ਤੋਂ ਇਲਾਵਾ ਸ਼ਿਕਾਇਤਕਰਤਾ ਨੂੰ ਅਜੇ ਤੱਕ ਕੋਈ ਸੂਚਨਾ ਵੀ ਮੁਹੱਈਆ ਨਹੀ ਕਰਵਾਈ ਗਈ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ, ਜਿਸ ਦਾ ਕਮਿਸ਼ਨ ਵੱਲੋਂ ਬਹੁਤ ਹੀ ਗੰਭੀਰ ਨੋਟਿਸ ਲਿਆ ਗਿਆ ਹੈ।

5. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ (ਨਾਂ ਤੇ) ਦਫਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ੍ਹ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਸ਼ਿਕਾਇਤਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਸ਼ਿਕਾਇਤਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 09 -10-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 03 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ,
ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:3513/2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਨੀਤ ਕੌਸ਼ਲ, ਕਲਰਕ (98888-85324)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-07-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀਆਂ ਵਲੋਂ ਆਈ-ਲੈਟਸ ਸੈਂਟਰਾਂ ਅਤੇ ਇਮੀਗਰੇਸ਼ਨ ਕਰਨ/ਕਰਾਉਣ ਵਾਲੇ (ਟ੍ਰੇਵਲ ਏਜੰਟਾਂ) ਦੀ ਕੀਤੀ ਗਈ ਚੈਕਿੰਗ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀ ਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 11-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 31-12-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਨੀਤ ਕੌਸ਼ਲ, ਕਲਰਕ ਨੇ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਮਿਤੀ 20-08-2018 ਨੂੰ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ ਅਤੇ ਜਵਾਬ ਦੀ ਇੱਕ ਕਾਪੀ ਪੇਸ਼ੀ ਦੌਰਾਨ ਦਸਤੀ ਵੀ ਦੇ ਦਿੱਤੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜਿਆ ਗਿਆ ਜਵਾਬ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।

5. ਦਫਤਰੀ ਰਿਕਾਰਡ ਤੋਂ ਇਹ ਵੀ ਪਾਇਆ ਗਿਆ ਹੈ ਕਿ ਪੇਸ਼ੀ ਮਿਤੀ 05-02-2019 ਤੇ ਸ਼੍ਰੀ ਜੈ ਪ੍ਰਕਾਸ਼, ਜੂਨੀਅਰ ਸਹਾਇਕ ਨੇ ਪੱਤਰ ਨੰ:357-358, ਮਿਤੀ 10-01-2019 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਉਸ ਤੋਂ ਬਾਅਦ ਲਗਾਤਾਰ 04 ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਜਿਸ ਤੋਂ ਇਹ ਜ਼ਾਹਿਰ ਹੁੰਦਾ ਹੈ ਕਿ ਉੱਤਰਦਾਤਾ, ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਆਰ.ਟੀ.ਆਈ. ਐਕਟ, 2005 ਨਾਲ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3513/2018**

ਸਬੰਧਤ ਮਾਮਲਿਆਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਭਵਿੱਖ ਵਿੱਚ ਆਰ.ਟੀ.ਆਈ. ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਲਈ ਸੁਚੇਤ ਰਹਿਣ ਲਈ ਤਾੜਨਾ ਕੀਤੀ ਜਾਂਦੀ ਹੈ।

ਉਪਰੋਕਤ ਦਰਸਾਈ ਗਈ ਸਥਿਤੀ ਅਨੁਸਾਰ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ**, 03 **ਸਤੰਬਰ**, 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ।                                                                     ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ।                                                                     -----ਉੱਤਰਦਾਤਾ

**ਅਪੀਲ ਕੇਸ ਨੰ:1218/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 07-08-2019 ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਤੇਜਿੰਦਰ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵਲੋਂ ਈ.ਮੇਲ ਰਾਹੀਂ ਭੇਜੇ ਗਏ ਪੱਤਰ ਨੰ:1582, ਮਿਤੀ 02-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ, ਘਰੇਲੂ ਜ਼ਰੂਰੀ ਕੰਮ ਹੋਣ ਕਾਰਨ ਛੁੱਟੀ ਤੇ ਚੱਲ ਰਹੇ ਹਨ। ਉਨ੍ਹਾਂ ਵੱਲੋਂ ਵੀ ਕਿਹਾ ਗਿਆ ਹੈ ਕਿ ਅਗਲੀ ਤਰੀਕ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਸੂਚਨਾ ਭੇਜ ਦਿੱਤੀ ਜਾਵੇਗੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 25-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 03 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੁਆਲਾ ਸਿੰਘ,
ਪੁੱਤਰ ਸ਼੍ਰੀ ਸੰਤੋਖ ਸਿੰਘ,
ਪਿੰਡ ਦਿਆਲਪੁਰਾ,
ਤਹਿਸੀਲ ਸਮਰਾਲਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ, ਮਾਲਵਾ ਕਾਲਿਜ, ਬੋਂਦਲੀ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਰ, ਸਿੱਖਿਆ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:714 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਮੋਹਿਤ ਵਸ਼ਿਸ਼ਟ(98888-68988), ਐਡਵੋਕੇਟ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ (94170-07700)।

**ਹਕਮ:**

ਪੇਸ਼ੀ, ਮਿਤੀ 15-07-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਮੋਹਿਤ ਵਸ਼ਿਸ਼ਟ ਐਡਵੋਕੇਟ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ, ਸ਼੍ਰੀਮਤੀ ਪਰਮਜੀਤ ਕੌਰ ਸੋਬਤੀ, ਪਿੰਸੀਪਲ-ਕਮ-ਲੋਕ ਸੂਚਨਾ ਅਧਿਕਾਰੀ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ ਰਾਹੀਂ ਆਪਣੇ ਜਵਾਬ, ਮਿਤੀ 24-06-2019 ਦੇ ਸਬੰਧ ਵਿੱਚ ਅਪੀਲਕਰਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਮਿਤੀ 09-07-2019 ਦੇ ਵਿਰੁੱਧ ਆਪਣਾ ਲਿਖਤੀ ਜਵਾਬ, ਮਿਤੀ 15-07-2019 ਪੇਸ਼ ਕੀਤਾ ਸੀ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ ਅਤੇ ਉਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਦਸਤੀ ਦੇ ਦਿੱਤੀ ਗਈ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਏ ਜਵਾਬ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 07-08-2019 ਤੇ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਮੋਹਿਤ ਵਸ਼ਿਸ਼ਟ ਐਡਵੋਕੇਟ ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਉੱਤਰਦਾਤਾ ਦੇ ਜਵਾਬ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ ਨੇ ਪੱਤਰ, ਮਿਤੀ 06-08-2019 ਦੀ ਕਾਪੀ ਪੇਸ਼ ਕਰਦੇ ਹੋਏ ਪਿੰਸੀਪਲ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦੇਣ ਲਈ ਬੇਨਤੀ ਕੀਤੀ ਸੀ ਅਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ ਅਤੇ ਇਹ ਕੇਸ ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਹਾਜ਼ਰ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਮੋਹਿਤ ਵਸ਼ਿਸ਼ਟ, ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 03-09-2019 ਪੇਸ਼ ਕੀਤਾ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਮਾਲਵਾ ਕਾਲਿਜ, ਬੋਂਦਲੀ, ਸਮਰਾਲਾ ਇੱਕ ਸਰਕਾਰੀ ਸਹਾਇਤਾ ਪ੍ਰਾਪਤ ਕਾਲਿਜ ਹੈ ਜੋ ਕਿ ਪੰਜਾਬ ਯਨੀਵਰਸਿਟੀ, ਚੰਡੀਗੜ੍ਹ ਤੋਂ ਮਾਨਤਾ ਪ੍ਰਾਪਤ ਹੈ। ਇਹ

ਪਰਤੋਂ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਕਾਲਿਜ ਪੰਜਾਬ ਸਰਕਾਰ ਕੋਲੋਂ 95% ਸਹਾਇਤਾ ਪ੍ਰਾਪਤ ਕਰ ਰਿਹਾ ਹੈ ਜਿਸ ਕਰਕੇ ਇਹ ਕਾਲਿਜ ਲੋਕ ਅਥਾਰਟੀ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ ਅਤੇ ਕਿਸੇ ਨਾਗਰਿਕ ਨੂੰ ਸੂਚਨਾ ਦੇਣ ਤੋਂ ਇੰਨਕਾਰ ਨਹੀਂ ਕਰ ਸਕਦਾ। ਉਸ ਵੱਲੋਂ ਆਪਣੇ ਜਵਾਬ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਪਹਿਲੇ ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਨੂੰ 50,000/-ਰੁਪਏ ਜਮ੍ਹਾਂ ਕਰਵਾਉਣ ਨੂੰ ਕਿਹਾ ਗਿਆ ਸੀ ਜੋ ਕਿ ਗੈਰ-ਵਾਜਿਬ ਅਤੇ ਗੈਰ-ਕਾਨੂੰਨੀ ਮੰਗ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਇਹ ਪੈਸੇ ਮੰਗਣ ਸਬੰਧੀ ਕਿਸੇ ਨਿਯਮ ਜਾਂ ਰੈਗੂਲੇਸ਼ਨ ਦਾ ਹਵਾਲਾ ਨਹੀਂ ਦਿੱਤਾ ਗਿਆ ਸੀ।ਅਪੀਲਕਰਤਾ ਦੇ ਨੁਮਾਇੰਦੇ ਨੇ ਦੱਸਿਆ ਹੈ ਕਿ ਅਪੀਲਕਰਤਾ ਕਾਲਿਜ ਦਾ ਇੱਕ ਸਾਬਕਾ-ਵਿਦਿਆਰਥੀ ਹੈ ਅਤੇ ਉਹ ਲੋਕ ਹਿੱਤ ਵਿੱਚ ਸੂਚਨਾ ਮੰਗ ਰਿਹਾ ਹੈ। ਇਸ ਤਰ੍ਹਾਂ ਅਪੀਲਕਰਤਾ ਦੇ ਨੁਮਾਇੰਦੇ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਆਰ.ਟੀ.ਆਈ. ਐਕਟ,2005 ਦੀ ਧਾਰਾ 20 ਤਹਿਤ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਬੇਨਤੀ ਕੀਤੀ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ ਨੇ ਆਪਣੇ ਜਵਾਬ, ਮਿਤੀ 15-07-2019 ਰਾਹੀਂ ਮੰਨਿਆ ਹੈ ਕਿ ਉਨ੍ਹਾਂ ਦਾ ਮਾਲਵਾ ਕਾਲਿਜ, ਬੋਂਦਲੀ, ਸਮਰਾਲਾ ਇੱਕ ਸਰਕਾਰੀ ਸਹਾਇਤਾ ਪ੍ਰਾਪਤ ਕਾਲਿਜ ਹੈ ਜੋ ਕਿ ਪੰਜਾਬ ਯਨੀਵਰਸਿਟੀ, ਚੰਡੀਗੜ੍ਹ ਤੋਂ ਮਾਨਤਾ ਪ੍ਰਾਪਤ ਹੈ ਪਰੰਤੂ ਇਹ ਜ਼ਰੂਰੀ ਨਹੀਂ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਹਰੇਕ ਝੂਠੀ ਸੂਚਨਾ ਉਸ ਨੂੰ ਮੁਹੱਈਆ ਕਰਵਾਈ ਜਾਵੇ। ਅਪੀਲਕਰਤਾ ਨੂੰ 50,000/-ਰੁਪਏ ਜਮ੍ਹਾਂ ਕਰਵਾਉਣ ਲਈ ਲਿਖਣ ਬਾਰੇ ਉਨ੍ਹਾਂ ਵੱਲੋਂ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਹੁਤ ਜ਼ਿਆਦਾ ਮਾਤਰਾ ਵਿੱਚ ਹੋਣ ਕਾਰਨ ਲਿਖਿਆ ਗਿਆ ਸੀ ਜੋ ਕਿ ਵਾਜਿਬ ਹੈ ਕਿਉਂਕਿ ਇਹ ਸੂਚਨਾ ਤਿਆਰ ਕਰਨ ਲਈ ਕਾਲਿਜ ਨੂੰ ਆਪਣੇ ਦੂਜੇ ਮਹੱਤਵ-ਪੂਰਨ ਕੰਮ ਛੱਡ ਕੇ ਤਿਆਰ ਕਰਨੀ ਪੈਣੀ ਹੈ। ਇਸ ਤੋਂ ਇਲਾਵਾ ਉੱਤਰਦਾਤਾ ਦੇ ਨੁਮਾਇੰਦੇ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਕੁੱਝ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੈ ਜੋ ਕਿ ਕਾਨੂੰਨ ਮੁਤਾਬਿਕ ਦਿੱਤੀ ਨਹੀਂ ਜਾ ਸਕਦੀ। ਇਸ ਤਰ੍ਹਾਂ ਉੱਤਰਦਾਤਾ ਦੇ ਨੁਮਾਇੰਦੇ ਵੱਲੋਂ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਣ-ਉਚਿੱਤ ਅਤੇ ਨਿਰਾਧਾਰ ਹੈ ਜੋ ਕਿ ਦੇਣੀ ਨਹੀਂ ਬਣਦੀ। ਇਸ ਲਈ ਉੱਤਰਦਾਤਾ ਵੱਲੋਂ ਅਪੀਲਕਰਤਾ ਦੀ ਅਪੀਲ ਜੋ ਕਿ ਅਪੀਲਕਰਤਾ ਨੇ ਮੰਦ-ਭਾਵਨਾ ਨਾਲ ਕਾਲਿਜ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨ ਲਈ ਦਾਇਰ ਕੀਤੀ ਹੈ, ਡਿਸਮਿਸ ਕਰਨ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਿਰੁੱਧ ਕੋਈ ਕਾਰਵਾਈ ਨਾ ਕਰਨ ਲਈ ਬੇਨਤੀ ਕੀਤੀ ਗਈ ਹੈ।

ਦੋਵਾਂ ਧਿਰਾਂ ਦੀਆਂ ਦਲੀਲਾਂ ਸੁਣਨ ਉਪਰੰਤ, ਇਸ ਕੇਸ ਵਿੱਚ ਹੋਰ ਡੂੰਘਾਈ ਨਾਲ ਵਿਚਾਰ ਕਰਨ ਵਾਸਤੇ ਇਹ **ਅਪੀਲ ਕੇਸ ਰਿਜ਼ਰਵ ਰੱਖਿਆ** ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

**ਮਿਤੀ: ਚੰਡੀਗੜ੍ਹ, 03 ਸਤੰਬਰ, 2019.**